ਆਕਾਸ਼ਵਾਣੀ ਜਲੰਧਰ

ਰਾਸ਼ਟਰੀ ਖਬਰਾਂ ਪੰਜਾਬੀ

08:30

ਮਿਤੀ: 10-11-2026

ਪਹਿਲਾਂ ਇਸ ਬੁਲੇਟਿਨ ਦੀਆਂ ਖ਼ਾਸ ਖ਼ਬਰਾਂ-

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਯੂਕਰੇਨ ਜੰਗ ਦੇ ਸ਼ਾਂਤੀਪੂਰਨ ਹੱਲ ਲਈ ਰਾਸ਼ਟਰਪਤੀ ਵੋਲੋਦੀਮੀਰ ਜ਼ੇਲੇਂਸਕੀ ਨਾਲ ਗੱਲਬਾਤ ਦੌਰਾਨ, ਭਾਰਤ ਦੇ ਸਮਰਥਨ ਨੂੰ ਦੁਹਰਾਇਆ ।
- ਜੰਗ ਨੂੰ ਖਤਮ ਕਰਨ ਲਈ ਅਮਰੀਕਾ, ਰੂਸ ਅਤੇ ਯੂਕਰੇਨ ਵਿਚਕਾਰ ਅੱਜ ਆਬੂ ਧਾਬੀ 'ਚ ਚਰਚਾ ਸ਼ੁਰੂ ਹੋਵੇਗੀ ।
- ਵਿਦੇਸ਼ ਮੰਤਰੀ ਡਾ. ਐਸ. ਜੈਸ਼ੰਕਰ ਨੇ ਰੂਸ ਦੇ ਵਿਦੇਸ਼ ਮੰਤਰੀ ਸਰਗੇਈ ਲਾਵਰੋਵ ਨਾਲ, ਯੂਕਰੇਨ ਜੰਗ ਅਤੇ ਦੋਵਾਂ ਦੇਸ਼ਾਂ ਵਿਚਕਾਰ ਮੌਜੂਦਾ ਮੁੱਦਿਆਂ 'ਤੇ ਚਰਚਾ ਕੀਤੀ ।
- ਦਿੱਲੀ ਸਰਕਾਰ ਨੇ 'ਦਿੱਲੀ ਦੇ ਨਾਗਰਿਕਾਂ ਲਈ ਸੇਵਾਵਾਂ ਤੱਕ ਸਮੇਂ ਸਿਰ ਅਤੇ ਆਸਾਨ ਪਹੁੰਚ ਦਾ ਅਧਿਕਾਰ ਐਕਟ, 2026' ਨੂੰ ਨੋਟੀਫਾਈ ਕੀਤਾ ।

- -ਦਿੱਲੀ ਵਿੱਚ ਯਮੁਨਾ ਨਦੀ 'ਤੇ ਅੱਜ ਪਹਿਲੀ ਕਰੂਜ਼ ਸੇਵਾ ਸ਼ੁਰੂ ਹੋਵੇਗੀ ।
- ਅੰਡਰ-19 ਏਸ਼ੀਆ ਕੱਪ ਕ੍ਰਿਕਟ ਮੈਚ ਵਿੱਚ ਭਾਰਤ ਦਾ ਮੁਕਾਬਲਾ ਸੰਯੁਕਤ ਅਰਬ ਅਮੀਰਾਤ ਨਾਲ ਓਮਾਨ ਵਿਚ ਅੱਜ ਸਵੇਰੇ ਸਾਢੇ 10 ਵਜੇ ਹੋਵੇਗਾ ।

ਹੁਣ ਖ਼ਬਰਾਂ ਵਿਸਥਾਰ ਨਾਲ-

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕੱਲ੍ਹ ਯੂਕਰੇਨ ਦੇ ਰਾਸ਼ਟਰਪਤੀ ਵੋਲੋਦੀਮੀਰ ਜ਼ੇਲੇਂਸਕੀ ਨਾਲ ਟੈਲੀਫੋਨ 'ਤੇ ਗੱਲਬਾਤ ਕੀਤੀ। ਗੱਲਬਾਤ ਦੌਰਾਨ, ਰਾਸ਼ਟਰਪਤੀ ਜ਼ੇਲੇਂਸਕੀ ਨੇ ਹਾਲ ਹੀ ਵਿੱਚ ਹੋਈਆਂ ਘਟਨਾਵਾਂ ਬਾਰੇ ਆਪਣਾ ਦ੍ਰਿਸ਼ਟੀਕੋਣ ਸਾਂਝਾ ਕੀਤਾ। ਗੱਲਬਾਤ ਦੌਰਾਨ, ਪ੍ਰਧਾਨ ਮੰਤਰੀ ਮੋਦੀ ਨੇ ਭਾਰਤ ਦੇ ਲੋਕ-ਕੇਂਦ੍ਰਿਤ ਪਹੁੰਚ ਨੂੰ ਦੁਹਰਾਇਆ ਅਤੇ ਗੱਲਬਾਤ ਅਤੇ ਕੂਟਨੀਤੀ ਰਾਹੀਂ ਟਕਰਾਅ ਨੂੰ ਹੱਲ ਕਰਨ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਸ਼੍ਰੀ ਮੋਦੀ ਨੇ ਕਿਹਾ ਕਿ ਭਾਰਤ ਇਸ ਟਕਰਾਅ ਦੇ ਸ਼ਾਂਤੀਪੂਰਨ ਹੱਲ ਲਈ ਸਾਰੇ ਉਪਰਾਲਿਆਂ ਵਿੱਚ ਯੋਗਦਾਨ ਪਾਉਣ ਲਈ ਤਿਆਰ ਏ । ਦੋਵਾਂ ਨੇਤਾਵਾਂ ਨੇ ਯੂਕਰੇਨ ਅਤੇ ਭਾਰਤ ਦੇ ਲੋਕਾਂ ਨੂੰ ਲਾਭ ਪਹੁੰਚਾਉਣ ਦੇ ਉਦੇਸ਼ ਨਾਲ, ਵੱਖ-ਵੱਖ ਖੇਤਰਾਂ ਵਿੱਚ ਦੋਵਾਂ ਦੇਸ਼ਾਂ ਵਿਚਕਾਰ ਸਹਿਯੋਗ ਨੂੰ ਹੋਰ ਮਜ਼ਬੂਤ ਕਰਨ ਦੇ ਤਰੀਕਿਆਂ 'ਤੇ ਵੀ ਚਰਚਾ ਕੀਤੀ।

ਯੂਕਰੇਨ ਜੰਗ ਨੂੰ ਖਤਮ ਕਰਨ ਲਈ ਅਮਰੀਕਾ, ਯੂਕਰੇਨ ਅਤੇ ਰੂਸ ਅੱਜ ਤੋਂ ਅਬੂ ਧਾਬੀ ਵਿੱਚ ਦੋ ਦਿਨਾਂ ਦੀ ਗੱਲਬਾਤ ਸ਼ੁਰੂ ਕਰਨਗੇ। ਅਮਰੀਕਾ ਦੀ ਸਾਲਸੀ ਵਾਲੀ ਇਹ ਮੀਟਿੰਗ, ਇਸ ਸਾਲ ਫਰਵਰੀ ਵਿੱਚ ਗੱਲਬਾਤ ਮੁਅੱਤਲ ਕੀਤੇ ਜਾਣ ਤੋਂ ਬਾਅਦ ਪਹਿਲੀ ਰਸਮੀ ਤਿੰਨ ਧਿਰੀ ਗੱਲਬਾਤ ਏ । ਅਮਰੀਕੀ ਵਫ਼ਦ ਦੀ ਅਗਵਾਈ ਕਰ ਰਹੇ ਅਮਰੀਕੀ ਵਿਸ਼ੇਸ਼ ਦੂਤ ਜੈਰੇਡ ਕੁਸ਼-ਨਰ ਅਤੇ ਸਟੀਵ ਵਿਟ-ਕੌਫ ਨੇ ਕਿਹਾ ਕਿ ਗੱਲਬਾਤ ਦਾ ਉਦੇਸ਼ ਜੰਗ ਤੋਂ ਬਾਅਦ ਦੀ ਸੁਰੱਖਿਆ ਸਥਿਤੀ ਨੂੰ ਸਪੱਸ਼ਟ ਕਰਨਾ ਏ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਜੰਗਬੰਦੀ ਤੋਂ ਬਾਅਦ ਟਕਰਾਅ ਦੁਬਾਰਾ ਨਾ ਭੜਕੇ। ਉਹ ਖੇਤਰੀ ਸਰਹੱਦਾਂ ਤੋਂ ਪਾਰ ਯੂਰਪ ਤੱਕ ਫੈਲੇ ਇੱਕ ਵਿਆਪਕ ਸੁਰੱਖਿਆ ਢਾਂਚੇ 'ਤੇ ਵੀ ਚਰਚਾ ਕਰਦੇ ਹਨ। ਹੋਰ ਤੁਰੰਤ ਤਰਜੀਹਾਂ ਵਿੱਚ ਤਣਾਅ ਘਟਾਉਣ ਦੇ ਉਪਾਅ, ਮਨੁੱਖੀ ਸਹਾਇਤਾ ਦੀ ਸਪੁਰਦਗੀ, ਕੈਦੀਆਂ ਦਾ ਆਦਾਨ-ਪ੍ਰਦਾਨ ਅਤੇ ਯੂਕਰੇਨ ਦੇ ਪੁਨਰ ਨਿਰਮਾਣ ਲਈ ਅੰਤਰ-ਰਾਸ਼ਟਰੀ ਸਹਾਇਤਾ ਲਈ ਇੱਕ ਢਾਂਚਾ ਸਥਾਪਤ ਕਰਨਾ ਸ਼ਾਮਲ ਹੈ। ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨੇ ਮੰਗ ਕੀਤੀ ਏ ਕਿ ਯੂਕਰੇਨ ਚਾਰ ਕਬਜ਼ੇ ਵਾਲੇ ਖੇਤਰਾਂ ਨੂੰ ਛੱਡ ਦੇਵੇ, ਆਪਣੀ ਫੌਜੀ ਤਾਕਤ ਘਟਾਵੇ ਅਤੇ ਨਾਟੋ ਵਿੱਚ ਸ਼ਾਮਲ ਹੋਣ ਦੀਆਂ ਕੋਸ਼ਿਸ਼ਾਂ ਨੂੰ ਛੱਡ ਦੇਵੇ। ਰੂਸ ਨੇ ਯੂਰਪੀਅਨ ਸ਼ਕਤੀਆਂ ਨੂੰ ਬਾਹਰ ਕੱਢਣ ਲਈ ਗੱਲਬਾਤ ਨੂੰ ਤਿੰਨ-ਪੱਖੀ ਰੱਖਣ 'ਤੇ ਜ਼ੋਰ ਦਿੱਤਾ ਏ ।

ਯੂਰਪੀਅਨ ਯੂਨੀਅਨ ਦੇ ਦੇਸ਼ਾਂ ਬ੍ਰਿਟੇਨ, ਫਰਾਂਸ, ਜਰਮਨੀ ਅਤੇ ਨਾਟੋ ਦੇ ਨੁਮਾਇੰਦੇ ਵੀ ਯੂਕਰੇਨ ਦੇ ਵਫ਼ਦ ਨਾਲ ਤਾਲਮੇਲ ਮੀਟਿੰਗਾਂ ਕਰਨ ਲਈ ਅਬੂ ਧਾਬੀ ਵਿੱਚ ਮੌਜੂਦ ਹਨ।

ਵਿਦੇਸ਼ ਮੰਤਰੀ ਡਾ. ਐਸ. ਜੈਸ਼ੰਕਰ ਨੇ ਕੱਲ੍ਹ ਸ਼ਾਮ ਰੂਸ ਦੇ ਵਿਦੇਸ਼ ਮੰਤਰੀ ਸਰਗੇਈ ਲਾਵਰੋਵ ਨਾਲ ਫ਼ੋਨ 'ਤੇ ਗੱਲਬਾਤ ਕੀਤੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਡਾ. ਜੈਸ਼ੰਕਰ ਨੇ ਕਿਹਾ ਕਿ ਉਨ੍ਹਾਂ ਦੀ ਗੱਲਬਾਤ ਯੂਕਰੇਨ ਸੰਘਰਸ਼ ਅਤੇ ਇਸ ਨੂੰ ਹੱਲ ਕਰਨ ਲਈ ਕੂਟਨੀਤਕ ਯਤਨਾਂ 'ਤੇ ਕੇਂਦ੍ਰਿਤ ਸੀ। ਦੋਵਾਂ ਨੇਤਾਵਾਂ ਨੇ ਰੂਸ-ਭਾਰਤ ਸਹਿਯੋਗ ਦੇ ਮੌਜੂਦਾ ਮੁੱਦਿਆਂ ਦੇ ਨਾਲ-ਨਾਲ ਸੰਬੰਧਿਤ ਖੇਤਰੀ ਅਤੇ ਅੰਤਰਰਾਸ਼ਟਰੀ ਮੁੱਦਿਆਂ 'ਤੇ ਚਰਚਾ ਕੀਤੀ।

ਭਾਰਤ ਅਤੇ ਯੂਰਪੀਅਨ ਸੰਘ ਨੇ ਕੱਲ ਆਪਣੀ ਭਾਈਵਾਲੀ ਦੇ ਸਾਰੇ ਪਹਿਲੂਆਂ ਅਤੇ ਸੰਯੁਕਤ ਵਿਆਪਕ ਰਣਨੀਤਕ ਏਜੰਡੇ ਨੂੰ ਲਾਗੂ ਕਰਨ ਵਿੱਚ ਪ੍ਰਗਤੀ ਦੀ ਸਮੀਖਿਆ ਕੀਤੀ। ਭਾਰਤ-ਯੂਰਪੀਅਨ ਸੰਘ ਰਣਨੀਤਕ ਭਾਈਵਾਲੀ ਦੀ ਸੱਤਵੀਂ ਸਮੀਖਿਆ ਮੀਟਿੰਗ ਅੱਜ ਨਵੀਂ ਦਿੱਲੀ ਵਿੱਚ ਹੋਈ। ਇਸਦੀ ਸਹਿ-ਪ੍ਰਧਾਨਗੀ ਵਿਦੇਸ਼ ਮੰਤਰਾਲੇ ਵਿੱਚ ਸਕੱਤਰ (ਪੱਛਮ) ਸਿਬੀ ਜਾਰਜ ਅਤੇ ਯੂਰਪੀਅਨ ਯੂਨੀਅਨ ਦੇ ਭੂ-ਆਰਥਿਕ ਅਤੇ ਅੰਤਰ-ਸੰਸਥਾਗਤ ਮਾਮਲਿਆਂ ਲਈ ਡਿਪਟੀ ਸਕੱਤਰ-

ਜਨਰਲ ਮੈਟੀ ਮਾਸੀ-ਕਾਸ ਨੇ ਕੀਤੀ। ਮੀਟਿੰਗ ਵਿੱਚ ਵਪਾਰ ਅਤੇ ਨਿਵੇਸ਼ ਤੇ ਵਿਚਾਰ ਚਰਚਾ ਕੀਤੀ ਗਈ, ਜਿਸ ਵਿੱਚ ਭਾਰਤ-ਯੂਰਪੀਅਨ ਸੰਘ ਮੁਕਤ ਵਪਾਰ ਸਮਝੌਤਾ, ਨਾਲ ਹੀ ਸਪਲਾਈ ਚੇਨ, ਆਰਥਿਕ ਸੁਰੱਖਿਆ, ਸਾਫ਼ ਤਬਦੀਲੀ, ਮਹੱਤਵਪੂਰਨ ਤਕਨਾਲੋਜੀਆਂ, ਖੋਜ ਅਤੇ ਸੰਪਰਕ, ਨਾਲ ਹੀ ਪ੍ਰਤਿਭਾ ਗਤੀਸ਼ੀਲਤਾ ਅਤੇ ਲੋਕਾਂ ਤੋਂ ਲੋਕਾਂ ਦੇ ਆਦਾਨ-ਪ੍ਰਦਾਨ ਸ਼ਾਮਲ ਸਨ।

ਰਾਸ਼ਟਰਪਤੀ ਦ੍ਰੌਪਦੀ ਮੁਰਮੂ ਕੱਲ ਨੂੰ ਨਵੀਂ ਦਿੱਲੀ ਵਿੱਚ ਸਵੱਛ ਸਰਵੇਖਣ 2025-26 ਪੁਰਸਕਾਰ ਪ੍ਰਦਾਨ ਕਰਨਗੇ। ਇਹ ਪੁਰਸਕਾਰ ਸਵੱਛ ਭਾਰਤ ਮਿਸ਼ਨ-ਸ਼ਹਿਰੀ ਅਧੀਨ ਦੇਸ਼ ਦੇ ਸਭ ਤੋਂ ਸਾਫ਼ ਸ਼ਹਿਰਾਂ ਨੂੰ ਉਨ੍ਹਾਂ ਦੇ ਸ਼ਾਨਦਾਰ ਯੋਗਦਾਨ ਲਈ ਮਾਨਤਾ ਦੇਣਗੇ। ਇਸ ਮੌਕੇ ਕੇਂਦਰੀ ਰਿਹਾਇਸ਼ ਅਤੇ ਸ਼ਹਿਰੀ ਮਾਮਲਿਆਂ ਦੇ ਮੰਤਰੀ ਮਨੋਹਰ ਲਾਲ ਅਤੇ ਰਾਜ ਮੰਤਰੀ ਤੋਖਨ ਸਾਹੂ ਵੀ ਮੌਜੂਦ ਰਹਿਣਗੇ। ਸਰਵੇਖਣ ਦੇ ਦਸਵੇਂ ਐਡੀਸ਼ਨ ਵਿੱਚ, ਸ਼ਹਿਰੀ ਸਥਾਨਕ ਸੰਸਥਾਵਾਂ ਦਾ ਮੁਲਾਂਕਣ 10 ਮੁੱਖ ਖੇਤਰਾਂ ਵਿੱਚ 43 ਮਾਪਦੰਡਾਂ 'ਤੇ ਕੀਤਾ ਗਿਆ ਸੀ।

ਦਿੱਲੀ ਸਰਕਾਰ ਨੇ 'ਦਿੱਲੀ ਦੇ ਨਾਗਰਿਕਾਂ ਲਈ ਸੇਵਾਵਾਂ ਤੱਕ ਸਮੇਂ ਸਿਰ ਅਤੇ ਆਸਾਨ ਪਹੁੰਚ ਦਾ ਅਧਿਕਾਰ ਐਕਟ, 2026' ਨੂੰ ਨੋਟੀਫਾਈ ਕੀਤਾ ਏ । ਇਸ ਐਕਟ ਦਾ ਉਦੇਸ਼ ਇਹ ਯਕੀਨੀ ਬਣਾਉਣਾ ਏ ਕਿ ਸਰਕਾਰੀ

ਵਿਭਾਗ ਨਿਰਧਾਰਤ ਸਮਾਂ ਹੱਦ ਦੇ ਅੰਦਰ ਸੇਵਾਵਾਂ ਪ੍ਰਦਾਨ ਕਰਨ ਅਤੇ ਅਧਿਕਾਰੀਆਂ ਨੂੰ ਬੇਲੋੜੀ ਦੇਰੀ ਲਈ ਜਵਾਬਦੇਹ ਬਣਾਉਣ। ਇਹ ਕਾਨੂੰਨ 2011 ਦੇ ਮੌਜੂਦਾ ਸਮੇਂ ਸਿਰ ਸੇਵਾ ਡਿਲੀਵਰੀ ਐਕਟ ਦੀ ਥਾਂ ਲਵੇਗਾ ਅਤੇ ਇੱਕ ਹੋਰ ਆਧੁਨਿਕ ਅਤੇ ਜਵਾਬਦੇਹ ਪ੍ਰਣਾਲੀ ਲਾਗੂ ਕਰੇਗਾ। ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ ਨੇ ਕਿਹਾ ਕਿ ਰਾਜ ਸਰਕਾਰ ਰਾਜਧਾਨੀ ਦੇ ਸ਼ਾਸਨ ਪ੍ਰਣਾਲੀ ਨੂੰ ਨਾਗਰਿਕ-ਕੇਂਦ੍ਰਿਤ, ਸੰਵੇਦਨਸ਼ੀਲ ਅਤੇ ਜਵਾਬਦੇਹ ਬਣਾਉਣ ਲਈ ਵਚਨਬੱਧ ਏ । ਉਨ੍ਹਾਂ ਇਹ ਵੀ ਕਿਹਾ ਕਿ ਸਰਕਾਰ ਦਾ ਉਦੇਸ਼ ਸਾਰੇ ਯੋਗ ਨਾਗਰਿਕਾਂ ਨੂੰ ਸੇਵਾਵਾਂ ਤੱਕ ਸਮੇਂ ਸਿਰ, ਮੁਸ਼ਕਲ ਰਹਿਤ ਪਹੁੰਚ ਯਕੀਨੀ ਬਣਾਉਣਾ ਏ । ਉਨ੍ਹਾਂ ਕਿਹਾ ਕਿ ਡਿਜੀਟਲ ਨਿਗਰਾਨੀ, ਅਪੀਲਾਂ ਦੀ ਆਟੋਮੈਟਿਕ ਪ੍ਰਕਿਰਿਆ ਅਤੇ ਅਧਿਕਾਰੀਆਂ ਦੀ ਜਵਾਬਦੇਹੀ ਪ੍ਰਸ਼ਾਸਨ ਨੂੰ ਵਧੇਰੇ ਪਾਰਦਰਸ਼ੀ ਅਤੇ ਨਤੀਜਾ-ਮੁਖੀ ਬਣਾਏਗੀ। ਵੇਰਵੇ ਨਾਲ ਇਕ ਰਿਪੋਰਟ :RNU101126 ਨਵਾਂ ਸਿਸਟਮ ਇਹ ਯਕੀਨੀ ਬਣਾਏਗਾ ਕਿ ਨਾਗਰਿਕਾਂ ਨੂੰ ਸਰਕਾਰੀ ਸੇਵਾਵਾਂ ਲਈ ਅਣਮਿੱਥੇ ਸਮੇਂ ਲਈ ਇੰਤਜ਼ਾਰ ਨਾ ਕਰਨਾ ਪਵੇ। ਇਸ ਐਕਟ ਦੇ ਤਹਿਤ, ਸਰਕਾਰੀ ਸੇਵਾਵਾਂ ਲਈ ਨਿਰਧਾਰਤ ਸਮਾਂ-ਹੱਦ ਅਤੇ ਜ਼ਿੰਮੇਵਾਰ ਅਧਿਕਾਰੀ ਦੀ ਪਛਾਣ ਯਕੀਨੀ ਬਣਾਈ ਜਾਵੇਗੀ। ਬੇਲੋੜੀ ਦੇਰੀ ਲਈ, ਸਬੰਧਤ ਅਧਿਕਾਰੀ ਨੂੰ ਪ੍ਰਤੀ ਦਿਨ 250 ਰੁਪਏ ਅਤੇ ਵੱਧ ਤੋਂ ਵੱਧ ਪੰਜ ਹਜ਼ਾਰ ਰੁਪਏ ਤੱਕ ਜੁਰਮਾਨਾ ਕੀਤਾ ਜਾ ਸਕਦਾ ਏ । ਨਵੇਂ ਢਾਂਚੇ ਦੇ ਤਹਿਤ ਅਰਜ਼ੀਆਂ ਨੂੰ ਗਲਤ ਢੰਗ ਨਾਲ ਰੱਦ ਕਰਨ ਲਈ

ਜੁਰਮਾਨੇ ਦਾ ਵੀ ਪ੍ਰਬੰਧ ਏ । ਇਹ ਐਕਟ ਸਰਕਾਰੀ ਸੇਵਾਵਾਂ ਲਈ ਔਨਲਾਈਨ ਅਰਜ਼ੀਆਂ ਦੇ ਨਾਲ-ਨਾਲ ਉਨ੍ਹਾਂ ਦੀ ਪ੍ਰਗਤੀ ਦੀ ਡਿਜੀਟਲ ਨਿਗਰਾਨੀ ਦੀ ਵਿਵਸਥਾ ਕਰਦਾ ਏ । ਇੱਕ ਵਾਰ ਅਰਜ਼ੀ ਪ੍ਰਾਪਤ ਹੋਣ ਤੋਂ ਬਾਅਦ, ਨਾਮਜ਼ਦ ਅਧਿਕਾਰੀ ਨਿਰਧਾਰਤ ਸਮਾਂ-ਹੱਦ ਦੇ ਅੰਦਰ ਸੇਵਾ ਪ੍ਰਦਾਨ ਕਰਨ ਜਾਂ ਲਿਖਤੀ ਰੂਪ ਵਿੱਚ ਇਸ ਦੇ ਰੱਦ ਹੋਣ ਦਾ ਕਾਰਨ ਦੱਸਣ ਲਈ ਜ਼ਿੰਮੇਵਾਰ ਹੋਵੇਗਾ। ਦਿੱਲੀ ਸਰਕਾਰ ਨੇ ਕਿਹਾ ਕਿ ਹਰੇਕ ਅਰਜ਼ੀ ਨੂੰ ਇੱਕ ਵਿਲੱਖਣ ਅਰਜ਼ੀ ਨੰਬਰ ਦਿੱਤਾ ਜਾਵੇਗਾ, ਜਿਸ ਨਾਲ ਬਿਨੈਕਾਰ ਆਪਣੀ ਸਥਿਤੀ ਨੂੰ ਔਨਲਾਈਨ ਟਰੈਕ ਕਰ ਸਕਣਗੇ। ਸਬੰਧਤ ਵਿਭਾਗਾਂ ਨੂੰ ਸਾਰੀਆਂ ਅਰਜ਼ੀਆਂ ਦੇ ਡਿਜੀਟਲ ਰਿਕਾਰਡ ਰੱਖਣ ਅਤੇ ਉਨ੍ਹਾਂ ਦੀ ਸਥਿਤੀ ਨੂੰ ਨਿਯਮਿਤ ਤੌਰ 'ਤੇ ਅਪਡੇਟ ਕਰਨ ਦੀ ਲੋੜ ਹੋਵੇਗੀ। ਸਰਕਾਰ ਨੇ ਕਿਹਾ ਕਿ ਇੱਕ ਨੋਟੀਫਿਕੇਸ਼ਨ ਰਾਹੀਂ, ਇਹ ਨਿਰਧਾਰਤ ਕਰੇਗਾ ਕਿ ਕਿਹੜੀਆਂ ਸੇਵਾਵਾਂ ਐਕਟ ਦੇ ਅਧੀਨ ਆਉਣਗੀਆਂ ਅਤੇ ਹਰੇਕ ਸੇਵਾ ਨੂੰ ਵੱਧ ਤੋਂ ਵੱਧ ਕਿੰਨੇ ਦਿਨਾਂ ਦੇ ਅੰਦਰ ਪ੍ਰਦਾਨ ਕੀਤਾ ਜਾਣਾ ਚਾਹੀਦਾ ਏ ।
ਬਿਊਰੋ ਰਿਪੋਰਟ ਨਾਲ ਮੈਂ ਰਾਜੇਸ਼ ਬਾਲੀ ਆਕਾਸ਼ਵਾਣੀ ਖਬਰਾਂ ਜਲੰਧਰ

ਬੰਦਰਗਾਹਾਂ, ਜਹਾਜ਼ਰਾਨੀ ਅਤੇ ਜਲ ਮਾਰਗ ਮੰਤਰੀ ਸਰਬਾਨੰਦ ਸੋਨੋਵਾਲ ਅੱਜ ਦਿੱਲੀ ਦੀ ਯਮੁਨਾ ਨਦੀ 'ਤੇ ਇੱਕ ਕਰੂਜ਼ ਸੇਵਾ ਦੀ ਸ਼ੁਰੂਆਤ ਕਰਨਗੇ। ਇਸ ਮੌਕੇ ਦਿੱਲੀ ਦੇ ਉਪ ਰਾਜਪਾਲ ਤਰਨਜੀਤ

ਸਿੰਘ ਸੰਧੂ ਅਤੇ ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ ਵੀ ਮੌਜੂਦ ਰਹਿਣਗੇ। ਯਮੁਨਾ ਨਦੀ ਦੇ ਸੋਨੀਆ ਵਿਹਾਰ-ਜਗਤਪੁਰ ਹਿੱਸੇ 'ਤੇ ਸ਼ੁਰੂ ਕੀਤੀ ਜਾ ਰਹੀ ਇਸ ਸੇਵਾ ਦਾ ਉਦੇਸ਼ ਨਦੀ-ਅਧਾਰਤ ਸੈਰ-ਸਪਾਟੇ ਨੂੰ ਉਤਸ਼ਾਹਿਤ ਕਰਨਾ ਅਤੇ ਰਾਸ਼ਟਰੀ ਰਾਜਧਾਨੀ ਦੇ ਲੋਕਾਂ ਨੂੰ ਇੱਕ ਨਵਾਂ ਮਨੋਰੰਜਨ ਅਨੁਭਵ ਪ੍ਰਦਾਨ ਕਰਨਾ ਏ । ਬੰਦਰਗਾਹਾਂ, ਜਹਾਜ਼ਰਾਨੀ ਅਤੇ ਜਲ ਮਾਰਗ ਮੰਤਰਾਲੇ ਨੇ ਕਿਹਾ ਕਿ ਦਿੱਲੀ ਵਿੱਚ ਯਮੁਨਾ ਨਦੀ 'ਤੇ ਇਸ ਮਨੋਰੰਜਕ ਨਦੀ ਕਰੂਜ਼ ਸੇਵਾ ਦਾ ਵਿਕਾਸ ਰਾਸ਼ਟਰੀ ਜਲ ਮਾਰਗ ਦੀ ਸੰਭਾਵਨਾ ਦੀ ਵਰਤੋਂ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਏ । ਮੰਤਰਾਲੇ ਨੇ ਕਿਹਾ ਕਿ ਸੇਵਾ ਦੀ ਸ਼ੁਰੂਆਤ ਤੋਂ ਪਹਿਲਾਂ, ਪਿਛਲੇ ਮਹੀਨੇ ਕਰੂਜ਼ ਜਹਾਜ਼ ਦੀ ਸਫਲ ਅਜ਼ਮਾਇਸ਼ ਭਾਰਤੀ ਅੰਤਰਦੇਸ਼ੀ ਜਲਮਾਰਗ ਅਥਾਰਟੀ ਅਤੇ ਦਿੱਲੀ ਸਰਕਾਰ ਦੇ ਸੀਨੀਅਰ ਅਧਿਕਾਰੀਆਂ ਦੀ ਮੌਜੂਦਗੀ ਵਿੱਚ ਕੀਤਾ ਗਿਆ ਸੀ।

ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ ਅੱਜ ਯੋਗ ਪਰਿਵਾਰਾਂ ਨੂੰ ਮੁਫ਼ਤ ਐਲ.ਪੀ.ਜੀ ਸਿਲੰਡਰਾਂ ਲਈ ਸਹਾਇਤਾ ਜਾਰੀ ਕਰਨਗੇ। ਇਹ ਰਕਮ ਸਿੱਧੇ ਲਾਭ ਟ੍ਰਾਂਸਫਰ-DBT ਰਾਹੀਂ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਟ੍ਰਾਂਸਫਰ ਕੀਤੀ ਜਾਵੇਗੀ। ਖੁਰਾਕ ਅਤੇ ਸਿਵਲ ਸਪਲਾਈ ਮੰਤਰੀ ਮਨਜਿੰਦਰ ਸਿੰਘ ਸਿਰਸਾ ਵੀ ਇਸ ਸਮਾਗਮ ਵਿੱਚ ਸ਼ਾਮਲ ਹੋਣਗੇ। ਇਸ ਤੋਂ ਪਹਿਲਾਂ, ਭਾਰਤੀ ਜਨਤਾ ਪਾਰਟੀ ਦੇ ਬੁਲਾਰਿਆਂ ਨੇ

ਆਮ ਆਦਮੀ ਪਾਰਟੀ ਦੀ ਪੰਜਾਬ ਵਿੱਚ ਪਰਾਲੀ ਸਾੜਨ ਅਤੇ ਉੱਤਰੀ ਭਾਰਤ ਵਿੱਚ ਵਧ ਰਹੇ ਹਵਾ ਪ੍ਰਦੂਸ਼ਣ ਦੇ ਮੁੱਦੇ ਦਾ ਰਾਜਨੀਤੀਕਰਨ ਕਰਨ ਲਈ ਆਲੋਚਨਾ ਕੀਤੀ।

ਭਾਰਤ ਅਤੇ ਸਾਊਦੀ ਅਰਬ ਨੇ 2027 ਦੀ ਹੱਜ ਯਾਤਰਾ ਲਈ, ਇੱਕ ਸਮਝੌਤਾ ਪੱਤਰ 'ਤੇ ਹਸਤਾਖਰ ਕੀਤੇ ਨੇ । ਇਸ ਸਮਝੌਤੇ ਨਾਲ ਇਕ ਲੱਖ 75 ਹਜ਼ਾਰ 25 ਭਾਰਤੀਆਂ ਨੂੰ ਹੱਜ ਯਾਤਰਾ ਕਰਨ ਦੀ ਇਜਾਜ਼ਤ ਮਿਲੇਗੀ। ਸਾਊਦੀ ਅਰਬ ਦੇ ਅਧਿਕਾਰਤ ਦੌਰੇ 'ਤੇ ਗਏ ਘੱਟ ਗਿਣਤੀ ਮਾਮਲਿਆਂ ਦੇ ਮੰਤਰੀ ਕਿਰੇਨ ਰਿਜੀਜੂ ਨੇ ਜੇਦਾਹ ਵਿੱਚ ਸਾਊਦੀ ਅਰਬ ਦੇ ਹੱਜ ਅਤੇ ਉਮਰਾਹ ਮੰਤਰੀ, ਤੌਫੀਕ ਬਿਨ ਫੌਜ਼ਾਨ ਅਲ-ਰਬੀਆ ਨਾਲ ਮੁਲਾਕਾਤ ਤੋਂ ਬਾਅਦ ਸਮਝੌਤੇ 'ਤੇ ਦਸਤਖਤ ਕੀਤੇ। ਦੋਵਾਂ ਮੰਤਰੀਆਂ ਨੇ ਹੱਜ-2027 ਦੀਆਂ ਤਿਆਰੀਆਂ ਦੀ ਸਮੀਖਿਆ ਕੀਤੀ ਅਤੇ ਬਿਹਤਰ ਤਾਲਮੇਲ ਅਤੇ ਜ਼ਰੂਰੀ ਸਹੂਲਤਾਂ 'ਤੇ ਚਰਚਾ ਕੀਤੀ। ਉਨ੍ਹਾਂ ਨੇ ਭਾਰਤੀ ਹੱਜ ਯਾਤਰੀਆਂ ਲਈ ਇੱਕ ਸੁਰੱਖਿਅਤ ਅਤੇ ਸੁਵਿਧਾਜਨਕ ਯਾਤਰਾ ਨੂੰ ਯਕੀਨੀ ਬਣਾਉਣ ਲਈ ਆਪਣੀ ਵਚਨਬੱਧਤਾ ਨੂੰ ਵੀ ਦੁਹਰਾਇਆ।

ਭਾਰਤ ਅਤੇ ਲੇਬਨਾਨ ਨੇ ਦੁਵੱਲੇ ਸਬੰਧਾਂ ਦੇ ਸਾਰੇ ਪਹਿਲੂਆਂ ਦੀ ਸਮੀਖਿਆ ਅਤੇ ਰਾਜਨੀਤਿਕ, ਸੁਰੱਖਿਆ, ਆਰਥਿਕ ਅਤੇ ਸਮਾਜਿਕ-

ਸੱਭਿਆਚਾਰਕ ਖੇਤਰਾਂ ਵਿੱਚ ਸਹਿਯੋਗ ਵਧਾਉਣ ਬਾਰੇ ਚਰਚਾ ਕੀਤੀ। ਭਾਰਤ ਅਤੇ ਲੇਬਨਾਨ ਵਿਚਕਾਰ ਪਹਿਲੀ ਵਿਦੇਸ਼ ਦਫ਼ਤਰ ਪੱਧਰੀ ਗੱਲਬਾਤ ਕੱਲ੍ਹ ਨਵੀਂ ਦਿੱਲੀ ਵਿੱਚ ਹੋਈ। ਇਸਦੀ ਸਹਿ-ਪ੍ਰਧਾਨਗੀ ਵਿਦੇਸ਼ ਮੰਤਰਾਲੇ ਦੇ ਸਕੱਤਰ ਸੀ.ਪੀ.ਵੀ ਸ਼੍ਰੀ-ਪ੍ਰਿਆ ਰੰਗ-ਨਾਥਨ ਅਤੇ ਲੇਬਨਾਨ 'ਚ ਵਿਦੇਸ਼ ਮਾਮਲਿਆਂ ਅਤੇ ਪ੍ਰਵਾਸੀ ਮੰਤਰਾਲੇ, ਦੇ ਸਕੱਤਰ ਜਨਰਲ ਅਬਦੇਲ ਸੱਤਾਰ ਈਸਾ ਨੇ ਕੀਤੀ। ਦੋਵੇਂ ਦੇਸ਼ ਵਪਾਰ ਅਤੇ ਨਿਵੇਸ਼, ਡਿਜੀਟਲ ਜਨਤਕ ਬੁਨਿਆਦੀ ਢਾਂਚੇ ਅਤੇ ਫਾਰਮਾ-ਸਿਊਟੀਕਲ ਉਦਯੋਗ ਵਿੱਚ ਸਹਿਯੋਗ ਨੂੰ ਤਰਜੀਹ ਦੇਣ ਲਈ ਸਹਿਮਤ ਹੋਏ। ਆਪਸੀ ਹਿੱਤ ਦੇ ਖੇਤਰੀ ਅਤੇ ਅੰਤਰਰਾਸ਼ਟਰੀ ਮੁੱਦਿਆਂ 'ਤੇ ਵੀ ਚਰਚਾ ਕੀਤੀ ਗਈ। ਵਿਦੇਸ਼ ਮੰਤਰਾਲੇ ਨੇ ਕਿਹਾ ਕਿ ਭਾਰਤ ਅਤੇ ਲੇਬਨਾਨ ਰਾਜਨੀਤਿਕ, ਆਰਥਿਕ ਅਤੇ ਸੱਭਿਆਚਾਰਕ ਖੇਤਰਾਂ ਵਿੱਚ ਦੋਸਤਾਨਾ ਸਬੰਧ ਨੇ । ਮੰਤਰਾਲੇ ਨੇ ਵਿਸ਼ਵਾਸ ਪ੍ਰਗਟ ਕੀਤਾ ਕਿ ਇਹ ਗੱਲਬਾਤ ਦੋਵਾਂ ਦੇਸ਼ਾਂ ਵਿਚਕਾਰ ਸਾਂਝੇਦਾਰੀ ਨੂੰ ਹੋਰ ਮਜ਼ਬੂਤ ਕਰੇਗੀ।

ਉੱਤਰੀ ਰੇਲਵੇ ਨੇ ਦਿੱਲੀ ਦੇ ਪ੍ਰਮੁੱਖ ਸਟੇਸ਼ਨਾਂ 'ਤੇ ਮੁਸਾਫ਼ਰਾਂ ਦੀ ਸਹੂਲਤ ਲਈ ਵਿਆਪਕ ਪ੍ਰਬੰਧ ਕੀਤੇ ਹਨ। ਇਹ ਪਹਿਲ ਖਾਸ ਤੌਰ 'ਤੇ ਦੇਸ਼ ਦੇ ਪੂਰਬੀ ਖੇਤਰਾਂ ਵਿੱਚ ਛੱਠ ਮਨਾਉਣ ਲਈ ਆਪਣੇ ਘਰਾਂ ਦੀ ਯਾਤਰਾ ਕਰਨ ਵਾਲਿਆਂ ਲਈ ਤਿਆਰ ਕੀਤੀ ਗਈ ਹੈ। ਇਸ ਸਾਲ, ਨਵੀਂ ਦਿੱਲੀ ਅਤੇ ਆਨੰਦ ਵਿਹਾਰ ਟਰਮੀਨਲ ਰੇਲਵੇ ਸਟੇਸ਼ਨਾਂ ਦੋਵਾਂ 'ਤੇ ਸਥਾਈ

ਰੈਸਟਰੂਮ ਸਥਾਪਤ ਕੀਤੇ ਗਏ ਹਨ। ਇਨ੍ਹਾਂ ਰੈਸਟਰੂਮਾਂ ਵਿੱਚ ਯੂ.ਟੀ.ਐਸ ਟਿਕਟ ਕਾਊਂਟਰ, ਰੈਸਟਰੂਮ, ਆਟੋਮੈਟਿਕ ਟਿਕਟ ਵੈਂਡਿੰਗ ਮਸ਼ੀਨਾਂ, ਫੂਡ ਸਟਾਲ ਅਤੇ ਮਦਦ ਬੂਥ ਸ਼ਾਮਲ ਨੇ । ਉੱਤਰੀ ਰੇਲਵੇ ਦੇ ਮੁੱਖ ਲੋਕ ਸੰਪਰਕ ਅਧਿਕਾਰੀ ਹਿਮਾਂਸ਼ੂ ਸ਼ੇਖਰ ਉਪਾਧਿਆਏ ਨੇ ਕਿਹਾ ਕਿ ਸੀਨੀਅਰ ਅਧਿਕਾਰੀ ਦਿੱਲੀ ਦੇ ਪ੍ਰਮੁੱਖ ਸਟੇਸ਼ਨਾਂ 'ਤੇ ਯਾਤਰੀਆਂ ਦੀ ਭੀੜ ਦੀ ਨਿਗਰਾਨੀ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਲੋੜ ਅਨੁਸਾਰ ਅਣ-ਨਿਰਧਾਰਤ ਵਿਸ਼ੇਸ਼ ਰੇਲਗੱਡੀਆਂ ਦੀ ਵੀ ਯੋਜਨਾ ਬਣਾਈ ਜਾਵੇਗੀ।

ਅੱਜ ਅੰਡਰ-19 ਏਸ਼ੀਆ ਕੱਪ ਕ੍ਰਿਕਟ ਮੈਚ ਵਿੱਚ ਭਾਰਤ ਦਾ ਮੁਕਾਬਲਾ ਸੰਯੁਕਤ ਅਰਬ ਅਮੀਰਾਤ ਨਾਲ ਹੋਵੇਗਾ । ਇਹ ਮੈਚ ਓਮਾਨ ਦੇ ਅਲ ਅਮਰਾਤ ਕ੍ਰਿਕਟ ਮੈਦਾਨ ਵਿੱਚ ਭਾਰਤੀ ਸਮੇਂ ਅਨੁਸਾਰ ਸਵੇਰੇ ਸਾਢੇ 10 ਵਜੇ ਸ਼ੁਰੂ ਹੋਵੇਗਾ। ACC ਪੁਰਸ਼ ਅੰਡਰ-19 ਏਸ਼ੀਆ ਕੱਪ ਦਾ 13ਵਾਂ ਐਡੀਸ਼ਨ 5 ਤੋਂ 14 ਨਵੰਬਰ ਤੱਕ ਓਮਾਨ ਵਿੱਚ ਖੇਡਿਆ ਜਾ ਰਿਹਾ ਏ । ਇੱਕ ਰੋਜ਼ਾ ਮੁਕਾਬਲੇ ਵਿੱਚ ਭਾਰਤ, ਪਾਕਿਸਤਾਨ, ਨੇਪਾਲ, ਸੰਯੁਕਤ ਅਰਬ ਅਮੀਰਾਤ, ਬੰਗਲਾਦੇਸ਼, ਸ਼੍ਰੀਲੰਕਾ, ਅਫਗਾਨਿਸਤਾਨ ਅਤੇ ਮਲੇਸ਼ੀਆ ਦੀਆਂ ਟੀਮਾਂ ਹਿੱਸਾ ਲੈ ਰਹੀਆਂ ਨੇ ।

ਭਾਰਤ ਅਤੇ ਨਿਊਜ਼ੀਲੈਂਡ ਵਿਚਾਲੇ ਪੰਜ ਮੈਚਾਂ ਦੀ ਇੱਕ ਰੋਜ਼ਾ ਲੜੀ ਦਾ ਤੀਜਾ ਮੈਚ ਅੱਜ ਹੈਮਿਲਟਨ ਦੇ ਸੇਡਨ ਪਾਰਕ ਵਿਖੇ ਮੀਂਹ ਅਤੇ ਗਿੱਲੇ ਆਊਟਫੀਲਡ ਕਾਰਨ ਸ਼ੁਰੂ ਨਹੀਂ ਹੋ ਸਕਿਆ । ਇਹ ਮੈਚ ਭਾਰਤੀ ਸਮੇਂ ਅਨੁਸਾਰ ਸਵੇਰੇ ਸਾਢੇ 7 ਵਜੇ ਸ਼ੁਰੂ ਹੋਣਾ ਸੀ। ਹਾਲਾਂਕਿ, ਲਗਾਤਾਰ ਮੀਂਹ ਕਾਰਨ ਟਾਸ ਵਿੱਚ ਦੇਰੀ ਹੋਈ। ਭਾਰਤ ਪਹਿਲਾਂ ਹੀ ਆਕਲੈਂਡ ਅਤੇ ਵੈਲਿੰਗਟਨ ਵਿੱਚ ਲੜੀ ਦੇ ਪਹਿਲੇ ਦੋ ਮੈਚ ਜਿੱਤ ਚੁੱਕਾ ਹੈ। ਸੀਰੀਜ਼ ਦਾ ਚੌਥਾ ਮੈਚ ਸ਼ੁੱਕਰਵਾਰ ਨੂੰ ਖੇਡਿਆ ਜਾਵੇਗਾ।

ਆਖ਼ਿਰ 'ਚ ਖ਼ਬਰਾਂ ਇੱਕ ਵਾਰ ਫੇਰ-

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਯੂਕਰੇਨ ਜੰਗ ਦੇ ਸ਼ਾਂਤੀਪੂਰਨ ਹੱਲ ਲਈ ਰਾਸ਼ਟਰਪਤੀ ਵੋਲੋਦੀਮੀਰ ਜ਼ੇਲੇਂਸਕੀ ਨਾਲ ਗੱਲਬਾਤ ਦੌਰਾਨ, ਭਾਰਤ ਦੇ ਸਮਰਥਨ ਨੂੰ ਦੁਹਰਾਇਆ ।
- ਜੰਗ ਨੂੰ ਖਤਮ ਕਰਨ ਲਈ ਅਮਰੀਕਾ, ਰੂਸ ਅਤੇ ਯੂਕਰੇਨ ਵਿਚਕਾਰ ਅੱਜ ਆਬੂ ਧਾਬੀ 'ਚ ਚਰਚਾ ਸ਼ੁਰੂ ਹੋਵੇਗੀ ।
- ਵਿਦੇਸ਼ ਮੰਤਰੀ ਡਾ. ਐਸ. ਜੈਸ਼ੰਕਰ ਨੇ ਰੂਸ ਦੇ ਵਿਦੇਸ਼ ਮੰਤਰੀ ਸਰਗੇਈ ਲਾਵਰੋਵ ਨਾਲ, ਯੂਕਰੇਨ ਜੰਗ ਅਤੇ ਦੋਵਾਂ ਦੇਸ਼ਾਂ ਵਿਚਕਾਰ ਮੌਜੂਦਾ ਮੁੱਦਿਆਂ 'ਤੇ ਚਰਚਾ ਕੀਤੀ ।

- ਦਿੱਲੀ ਸਰਕਾਰ ਨੇ 'ਦਿੱਲੀ ਦੇ ਨਾਗਰਿਕਾਂ ਲਈ ਸੇਵਾਵਾਂ ਤੱਕ ਸਮੇਂ ਸਿਰ ਅਤੇ ਆਸਾਨ ਪਹੁੰਚ ਦਾ ਅਧਿਕਾਰ ਐਕਟ, 2026' ਨੂੰ ਨੋਟੀਫਾਈ ਕੀਤਾ।
- -ਦਿੱਲੀ ਵਿੱਚ ਯਮੁਨਾ ਨਦੀ 'ਤੇ ਅੱਜ ਪਹਿਲੀ ਕਰੂਜ਼ ਸੇਵਾ ਸ਼ੁਰੂ ਹੋਵੇਗੀ। ਅਤੇ
- ਅੰਡਰ-19 ਏਸ਼ੀਆ ਕੱਪ ਕ੍ਰਿਕਟ ਮੈਚ ਵਿੱਚ ਭਾਰਤ ਦਾ ਮੁਕਾਬਲਾ ਸੰਯੁਕਤ ਅਰਬ ਅਮੀਰਾਤ ਨਾਲ ਓਮਾਨ ਵਿਚ ਅੱਜ ਸਵੇਰੇ ਸਾਢੇ 10 ਵਜੇ ਹੋਵੇਗਾ।

ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗ 1.10 ਨਮਸਕਾਰ

-